# 23rd Meeting of the Working Mechanism for Consultation & Coordination on India-China Border Affairs

November 18, 2021

…………………………

## ਭਾਰਤ-ਚੀਨ ਸਰਹੱਦੀ ਮਾਮਲਿਆਂ ਬਾਰੇ ਸਲਾਹ-ਮਸ਼ਵਰੇ ਅਤੇ ਤਾਲਮੇਲ ਕਾਰਜ ਪ੍ਰਣਾਲੀ ਦੀ 23ਵੀਂ ਮੀਟਿੰਗ

**18 ਨਵੰਬਰ, 2021**

1. ਭਾਰਤ-ਚੀਨ ਸਰਹੱਦੀ ਮਾਮਲਿਆਂ (WMCC) ਬਾਰੇ ਸਲਾਹ-ਮਸ਼ਵਰੇ ਅਤੇ ਤਾਲਮੇਲ ਕਾਰਜ ਪ੍ਰਣਾਲੀ ਦੀ 23ਵੀਂ ਮੀਟਿੰਗ 18 ਨਵੰਬਰ 2021 ਨੂੰ ਹੋਈ। ਭਾਰਤੀ ਵਫ਼ਦ ਦੀ ਅਗਵਾਈ ਵਿਦੇਸ਼ ਮੰਤਰਾਲੇ ਦੇ ਵਧੀਕ ਸਕੱਤਰ (ਪੂਰਬ ਏਸ਼ੀਆ) ਨੇ ਕੀਤੀ। ਚੀਨੀ ਵਿਦੇਸ਼ ਮੰਤਰਾਲੇ ਦੇ ਸੀਮਾ ਅਤੇ ਸਮੁੰਦਰੀ ਵਿਭਾਗ ਦੇ ਡਾਇਰੈਕਟਰ ਜਨਰਲ ਨੇ ਚੀਨੀ ਵਫ਼ਦ ਦੀ ਅਗਵਾਈ ਕੀਤੀ।

2. ਦੋਵਾਂ ਧਿਰਾਂ ਨੇ ਸਤੰਬਰ ਵਿੱਚ ਦੁਸ਼ਾਂਬੇ ਵਿੱਚ ਹੋਈ ਆਪਣੀ ਮੀਟਿੰਗ ਦੌਰਾਨ ਵਿਦੇਸ਼ ਮੰਤਰੀ ਅਤੇ ਚੀਨ ਦੇ ਵਿਦੇਸ਼ ਮੰਤਰੀ ਦਰਮਿਆਨ ਹੋਏ ਸਮਝੌਤੇ ਨੂੰ ਯਾਦ ਕੀਤਾ ਕਿ ਪੂਰਬੀ ਲੱਦਾਖ ਵਿਚ ਅਸਲ ਕੰਟਰੋਲ ਰੇਖਾ (LAC) ਉੱਤੇ ਬਾਕੀ ਰਹਿੰਦੇ ਮੁੱਦਿਆਂ ਨੂੰ ਹੱਲ ਕਰਨ ਲਈ ਦੋਵਾਂ ਧਿਰਾਂ ਦੇ ਫੌਜੀ ਅਤੇ ਕੂਟਨੀਤਕ ਅਧਿਕਾਰੀਆਂ ਨੂੰ ਆਪਣੀ ਗੱਲਬਾਤ ਜਾਰੀ ਰੱਖਣੀ ਚਾਹੀਦੀ ਹੈ। ਇਸ ਅਨੁਸਾਰ ਦੋਵਾਂ ਧਿਰਾਂ ਨੇ ਭਾਰਤ-ਚੀਨ ਸਰਹੱਦੀ ਖੇਤਰਾਂ ਦੇ ਪੱਛਮੀ ਸੈਕਟਰ ਵਿੱਚ ਅਸਲ ਕੰਟਰੋਲ ਰੇਖਾ ਉੱਤੇ ਹਾਲਾਤ ਬਾਰੇ ਖੁੱਲੇਪਨ ਅਤੇ ਡੂੰਘਾਈ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ 10 ਅਕਤੂਬਰ 2021 ਨੂੰ ਹੋਈ ਦੋਵਾਂ ਧਿਰਾਂ ਦੇ ਸੀਨੀਅਰ ਕਮਾਂਡਰਾਂ ਦੀ ਪਿਛਲੀ ਮੀਟਿੰਗ ਤੋਂ ਬਾਅਦ ਦੇ ਘਟਨਾਕ੍ਰਮ ਦੀ ਸਮੀਖਿਆ ਵੀ ਕੀਤੀ। ਇਸ ਸਬੰਧ ਵਿੱਚ ਉਨ੍ਹਾਂ ਨੇ ਪੂਰਬੀ ਲੱਦਾਖ ਵਿੱਚ ਅਸਲ ਕੰਟਰੋਲ ਰੇਖਾ ਉੱਤੇ ਦੁਵੱਲੇ ਸਮਝੌਤਿਆਂ ਅਤੇ ਪ੍ਰੋਟੋਕੋਲ ਦੀ ਪੂਰੀ ਤਰ੍ਹਾਂ ਪਾਲਣਾ ਕਰਦੇ ਹੋਏ ਬਾਕੀ ਮੁੱਦਿਆਂ ਦਾ ਛੇਤੀ ਹੱਲ ਲੱਭਣ ਦੀ ਲੋੜ 'ਤੇ ਸਹਿਮਤੀ ਦਿੱਤੀ ਤਾਂ ਜੋ ਸ਼ਾਂਤੀ ਬਹਾਲ ਕੀਤੀ ਜਾ ਸਕੇ। ਦੋਵਾਂ ਧਿਰਾਂ ਨੇ ਇਸ ਗੱਲ 'ਤੇ ਵੀ ਸਹਿਮਤੀ ਪ੍ਰਗਟਾਈ ਕਿ ਦੋਵਾਂ ਧਿਰਾਂ ਨੂੰ ਇਸ ਸਮੇਂ ਦੌਰਾਨ ਜ਼ਮੀਨੀ ਹਾਲਤ ਨੂੰ ਇੰਝ ਹੀ ਬਣਾਏ ਰੱਖਣਾ ਯਕੀਨੀ ਬਣਾਉਣਾ ਚਾਹੀਦਾ ਹੈ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਵਿਚ ਸ਼ਾਮਲ ਹੋਣ ਤੋਂ ਬਚਣਾ ਚਾਹੀਦਾ ਹੈ।

3. ਇਸ ਗੱਲ 'ਤੇ ਸਹਿਮਤੀ ਹੋਈ ਕਿ ਦੋਵੇਂ ਧਿਰਾਂ ਨੂੰ ਮੌਜੂਦਾ ਸਮਝੌਤਿਆਂ ਅਤੇ ਪ੍ਰੋਟੋਕੋਲਾਂ ਅਨੁਸਾਰ ਪੱਛਮੀ ਸੈਕਟਰ ਵਿੱਚ ਅਸਲ ਕੰਟਰੋਲ ਰੇਖਾ ਉੱਤੇ ਟਕਰਾਅ ਵਾਲੇ ਬਿੰਦੂਆਂ ਤੋਂ ਪੂਰੀ ਤਰ੍ਹਾਂ ਡਿਸ-ਇੰਗੇਜਮੈਂਟ ਕਰਨ ਦੇ ਉਦੇਸ਼ ਦੀ ਪ੍ਰਾਪਤੀ ਲਈ ਸੀਨੀਅਰ ਕਮਾਂਡਰਾਂ ਦੀ ਮੀਟਿੰਗ ਦਾ ਅਗਲਾ (14ਵਾਂ) ਗੇੜ ਛੇਤੀ ਹੀ ਕਰਨਾ ਚਾਹੀਦਾ ਹੈ।

ਨਵੀਂ ਦਿੱਲੀ
18 ਨਵੰਬਰ, 2021

DISCLAIMER: This is an approximate translation. The original is available in English on MEA's website and may be referred to as the official press release.